# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 15-07-2024**

- ਰਾਸ਼ਟਰੀ ਪ੍ਰੀਖਿਆ ਏਜੰਸੀ ਨੇ ਸੰਯੁਕਤ ਯੂਨੀਵਰਸਿਟੀ ਦਾਖਲਾ ਪ੍ਰੀਖਿਆ - CUET-UG ਦੇ ਪ੍ਰਭਾਵਿਤ ਉਮੀਦਵਾਰਾਂ ਲਈ, 19 ਜੁਲਾਈ ਨੂੰ ਮੁੜ ਪ੍ਰੀਖਿਆ ਕਰਵਾਉਣ ਦਾ ਫੈਸਲਾ ਕੀਤਾ ਏ।
- ਪ੍ਰਧਾਨ ਮੰਤਰੀ ਵਲੋਂ ਵਿੱਢੀ ਮੁਹਿੰਮ 'ਏਕ ਪੇੜ ਮਾਂ ਕੇ ਨਾਮ' ਤੋਂ ਉਤਸ਼ਾਹਤ ਆਮ ਲੋਕ, ਵੱਖ ਵੱਖ ਕਿਸਮ ਦੇ ਬੂਟੇ ਲਗਾਉਣ ਵਿਚ ਰੁਝੇ।
- ਗੁਰਦਾਸਪੁਰ ਵਿਖੇ ਕਲ ਤੋਂ ਸ਼ੁਰੂ ਹੋਣ ਵਾਲੀ ਅਗਨੀਵੀਰ ਭਰਤੀ ਰੈਲੀ ਲਈ, ਸਾਰੀਆਂ ਤਿਆਰੀਆਂ ਮੁਕੰਮਲ ।
- ਪੰਜਾਬ ਪੁਲਿਸ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਅੰਤਰ-ਰਾਜੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਹਥਿਆਰ ਬਰਾਮਦ ਕੀਤੇ।

---

ਰਾਸ਼ਟਰੀ ਪ੍ਰੀਖਿਆ  ਏਜੰਸੀ- NTA ਨੇ ਸੰਯੁਕਤ ਯੂਨੀਵਰਸਿਟੀ ਦਾਖਲਾ ਪ੍ਰੀਖਿਆ - CUET-UG ਦੇ ਪ੍ਰਭਾਵਿਤ ਉਮੀਦਵਾਰਾਂ ਲਈ, 19 ਜੁਲਾਈ ਨੂੰ ਮੁੜ ਪ੍ਰੀਖਿਆ ਕਰਵਾਉਣ ਦਾ ਫੈਸਲਾ ਕੀਤਾ ਏ । ਇਹ ਪ੍ਰੀਖਿਆ ਕੰਪਿਊਟਰ ਆਧਾਰਿਤ ਹੋਵੇਗੀ । ਪ੍ਰਭਾਵਿਤ ਵਿਦਿਆਰਥੀਆਂ ਦੀ ਗਿਣਤੀ, ਇੱਕ ਹਜ਼ਾਰ ਤੋਂ ਵੱਧ ਏ। ਪ੍ਰੀਖਿਆ  ਏਜੰਸੀ ਨੇ ਕਿਹਾ ਏ, ਕਿ ਉਨ੍ਹਾਂ ਨੂੰ ਵਿਸ਼ਾ ਕੋਡ ਦਾ ਜ਼ਿਕਰ ਕਰਦੇ ਹੋਏ ਇੱਕ ਈਮੇਲ ਭੇਜੀ ਗਈ ਏ ਅਤੇ ਪ੍ਰੀਖਿਆ ਲਈ ਦਾਖਲਾ ਕਾਰਡ ਜਲਦੀ ਹੀ ਜਾਰੀ ਕਰ ਦਿੱਤਾ ਜਾਵੇਗਾ। NTA ਅਨੁਸਾਰ ਮਾਹਿਰਾਂ ਤੋਂ ਮਿਲੀ ਸਲਾਹ ਦੇ ਆਧਾਰ 'ਤੇ ਉੱਤਰ ਕੁੰਜੀ ਤਿਆਰ ਕੀਤੀ ਜਾ ਰਹੀ ਏ ਅਤੇ ਇਸ ਨੂੰ ਅਧਿਕਾਰਤ ਵੈੱਬਸਾਈਟ 'ਤੇ ਦੇਖਿਆ ਜਾ ਸਕਦਾ ਏ। ਦਾਖਲਾ ਪ੍ਰੀਖਿਆ ਮਈ ਮਹੀਨੇ ਵਿੱਚ 399 ਸ਼ਹਿਰਾਂ ਦੇ ਵੱਖ-ਵੱਖ ਕੇਂਦਰਾਂ 'ਤੇ ਆਯੋਜਿਤ ਕੀਤੀ ਗਈ ਸੀ। ਇਨ੍ਹਾਂ ਵਿੱਚੋਂ 26 ਕੇਂਦਰ ਦੇਸ਼ ਤੋਂ ਬਾਹਰ ਸਨ । ਪਹਿਲੀ ਵਾਰ ਇਹ ਪ੍ਰੀਖਿਆ ਔਨਲਾਈਨ ਅਤੇ ਆਫ਼ਲਾਈਨ ਦੋਵਾਂ ਮਾਧਿਅਮਾਂ ਵਿੱਚ ਲਈ ਗਈ ਸੀ। ਆਰਜ਼ੀ ਉੱਤਰ ਕੁੰਜੀ 7 ਜੁਲਾਈ ਨੂੰ ਜਾਰੀ ਕੀਤੀ ਗਈ ਸੀ ਅਤੇ 9 ਜੁਲਾਈ ਤੱਕ ਇਤਰਾਜ਼ ਮੰਗੇ ਗਏ ਸਨ।

-----------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ

ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ। ਬਠਿੰਡਾ ਦੇ ਘੁੱਦਾ ਸਥਿਤ ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਮੁਖ ਕਾਰਜਕਾਰੀ ਅਧਿਕਾਰੀ, ਡਾ: ਬਲਵਿੰਦਰ ਗਰਗ ਨੇ ਇਸ ਮਾਮਲੇ ਵਿਚ ਹੁਣ ਤਕ ਹੋਈ ਕਾਰਵਾਈ 'ਤੇ ਤੱਸਲੀ ਜਾਹਰ ਕੀਤੀ। ਓਧਰ ਫਰੀਦਕੋਟ ਦੇ ਐਡਵੋਕੇਟ ਮੰਗਤ ਅਰੋੜਾ ਦਾ ਕਹਿਣਾ ਏ, ਕਿ ਦੋਸ਼ੀਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਏ।

------------------------------------------------------------

ਰਾਜ ਸਭਾ ਦੇ ਮੈਂਬਰ ਸੰਜੀਵ ਅਰੋੜਾ ਨੇ, ਜ਼ਿਲ੍ਹਾ ਲੁਧਿਆਣਾ ਦੇ ਵੱਖ-ਵੱਖ ਸਕੂਲਾਂ ਵਿਚ ਐਮ.ਪੀ.ਲੈਡ ਸਕੀਮ ਅਧੀਨ ਮੁਕੰਮਲ ਹੋਏ ਅਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਅੱਜ ਨਿੱਜੀ ਤੌਰ ਤੇ ਜਾ ਕੇ ਨਿਰੀਖਣ ਕੀਤਾ। ਇਸ ਮੌਕੇ ਉਨਾਂ ਕਿਹਾ ਕਿ ਇਨਾਂ ਸਕੂਲਾਂ ਦੇ ਵੱਖ-ਵੱਖ ਬੁਨਿਆਦੀ ਢਾਂਚੇ ਨੂੰ ਅੱਪਗ੍ਰੇਡ ਕਰਨ, ਨਵੀਂ ਇਮਾਰਤ ਦੀ ਉਸਾਰੀ ਅਤੇ ਹੋਰ ਕਰਵਾਏ ਗਏ ਕਾਰਜਾਂ ਦਾ ਨਿਰੀਖਣ ਕਰਨਾ ਇਸ ਲਈ ਵੀ ਜ਼ਰੂਰੀ ਸੀ, ਕਿ ਜਿਹੜੇ ਉਨਾਂ ਐਮ.ਪੀ.ਲੈਡ ਵਿੱਚੋਂ ਸਕੂਲਾਂ ਨੂੰ ਗ੍ਰਾਂਟ ਦਿੱਤੀ ਏ, ਉਸ ਦੀ ਵਰਤੋਂ ਸਹੀ ਤਰੀਕੇ ਨਾਲ ਹੋ ਚੁੱਕੀ ਏ। ਉਨਾਂ ਸਰਕਾਰੀ ਪ੍ਰਾਇਮਰੀ ਸਕੂਲ ਹੈਬੋਵਾਲ ਕਲਾਂ ਲੁਧਿਆਣਾ ਨੂੰ ਛੱਡ ਕੇ, ਬਾਕੀ ਸਾਰੇ ਸਕੂਲਾਂ ਵੱਲੋਂ

ਕਰਵਾਏ ਗਏ ਕਾਰਜਾਂ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ । ਉਨਾਂ ਕਿਹਾ ਕਿ ਇਨਾਂ ਸਕੂਲਾਂ ਦੇ ਕੰਮ ਮੁਕੰਮਲ ਹੋਣ ਨਾਲ, ਸਕੂਲੀ ਵਿਦਿਆਰਥੀਆਂ ਨੂੰ ਹੁਣ ਕੋਈ ਮੁਸ਼ਕਲ ਪੇਸ਼ ਨਹੀਂ ਆਵੇਗੀ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਵਿਸ਼ਵ ਵਾਤਾਵਰਨ ਦਿਵਸ ਤੇ ਸ਼ੁਰੂ ਬੂਟੇ ਲਗਾਉਣ ਦੀ ਮੁਹਿੰਮ, 'ਏਕ ਪੇੜ ਮਾਂ ਕੇ ਨਾਮ' ਤਹਿਤ, ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ। ਆਮ ਲੋਕ ਇਸ ਮੁਹਿੰਮ ਤੋਂ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ।

-----------------------------------------------------------

ਕੇਂਦਰ ਸਰਕਾਰ ਵਲੋਂ ਲੰਬੀ ਚਰਚਾ ਮਗਰੋਂ ਤਿਆਰ ਕੀਤੇ ਗਏ, ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ । ਰੂਪਨਗਰ ਜ਼ਿਲੇ ਦੇ ਐਸ. ਐਸ. ਪੀ. ਗੁਲਨੀਤ ਸਿੰਘ ਖੁਰਾਣਾ ਨੇ, ਨਵੇਂ ਕਾਨੂੰਨਾਂ ਵਿਚ ਹੋਏ ਬਦਲਾਅ ਦੀ ਸ਼ਲਾਘਾ ਕਰਦਿਆਂ, ਲੋਕਾਂ ਨੂੰ ਇਨ੍ਹਾਂ ਕਾਨੂੰਨ ਨੂੰ ਪੜ੍ਹਨ ਦੀ ਅਪੀਲ ਕੀਤੀ ।

ਜਲੰਧਰ ਦੇ ਵਸਨੀਕ ਸ਼ਿਵ ਸੈਨਾ ਟਕਸਾਲੀ ਦੇ ਬੁਲਾਰੇ ਅਤੇ ਸੀਨੀਅਰ ਪੱਤਰਕਾਰ ਯੋਗੇਸ਼ ਸੂਰੀ ਮੁਤਾਬਕ, ਨਵੇਂ ਕਾਨੂੰਨਾਂ ਦੇ ਹਾਂ ਪੱਖੀ ਨਤੀਜੇ ਮਿਲਣਗੇ।

------------------------------------------------------------

ਭਾਰਤੀ ਫ਼ੌਜ ਦੇ ਭਰਤੀ ਬੋਰਡ ਵੱਲੋਂ, ਜ਼ਿਲ੍ਹਾ ਗੁਰਦਾਸਪੁਰ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ, ਭਲਕੇ 16 ਤੋਂ 23 ਜੁਲਾਈ ਤੱਕ ਪੰਜਾਬ ਦੀ ਪਹਿਲੀ ਅਗਨੀਵੀਰ ਭਰਤੀ ਕਰਵਾਈ ਜਾ ਰਹੀ ਏ। ਇਸ ਭਰਤੀ ਰੈਲੀ ਵਿੱਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ, ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ 10ਵੀਂ ਤੇ 8ਵੀਂ ਭਰਤੀ ਕੀਤੇ ਜਾਣਗੇ। ਭਰਤੀ ਬੋਰਡ ਅੰਮ੍ਰਿਤਸਰ ਦੇ ਡਾਇਰੈਕਟਰ ਕਰਨਲ ਚੇਤਨ ਪਾਂਡੇ ਨੇ ਦੱਸਿਆ ਕਿ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰ ਜਿਹੜੇ ਭਰਤੀ ਪ੍ਰਕ੍ਰਿਆ ਦੇ ਪਹਿਲੇ ਪੜਾਅ ਵਿੱਚ ਕਾਮਯਾਬ ਹੋਏ ਨੇ, ਉਨ੍ਹਾਂ ਦੀ ਫਿਜ਼ੀਕਲ ਤੇ ਮੈਡੀਕਲ ਫਿਟਨੈੱਸ ਦੇ ਨਾਲ - ਨਾਲ ਡਾਕੂਮੈਂਟੇਸ਼ਨ ਦੀ ਸਕਰੀਨਿੰਗ ਵੀ ਕੀਤੀ ਜਾਵੇਗੀ। ਇਸ ਦੌਰਾਨ ਜ਼ਿਲੇ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਅਤੇ ਕਰਨਲ ਚੇਤਨ ਪਾਂਡੇ ਨੇ

ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਭਰਤੀ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਹਦਾਇਤਾਂ ਤਹਿਤ ਪ੍ਰਸ਼ਾਸਨ ਵੱਲੋਂ, ਇਸ ਰੈਲੀ ਵਿੱਚ ਭਾਰਤੀ ਫ਼ੌਜ ਦਾ ਪੂਰਾ ਸਹਿਯੋਗ ਕੀਤਾ ਜਾ ਰਿਹਾ ਏ ਅਤੇ ਭਰਤੀ ਰੈਲੀ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ।

-----------------------------------------------------------------

ਪੰਜਾਬ ਪੁਲਿਸ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਅੰਤਰਰਾਜੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਵਿਦੇਸ਼ੀ ਮੂਲ ਦੇ ਅੱਤਵਾਦੀ ਲਖਬੀਰ ਉਰਫ਼ ਲੰਡਾ ਦੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ, ਉਨ੍ਹਾਂ ਦੇ ਕਬਜ਼ੇ ਵਿੱਚੋਂ ਮੈਗਜ਼ੀਨ ਅਤੇ ਗੋਲਾ ਬਾਰੂਦ ਸਮੇਤ 32 ਬੋਰ ਦੇ ਛੇ ਅਤਿ-ਆਧੁਨਿਕ ਪਿਸਤੌਲ ਬਰਾਮਦ ਕੀਤੇ ਨੇ। ਪੰਜਾਬ ਦੇ DGP ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਠੱਠੀਆਂ ਦੇ ਸੁਮਿਤ-ਪਾਲ ਸਿੰਘ ਅਤੇ ਤਰਨਤਾਰਨ ਵਿਚ ਚੰਬਾ ਕਲਾਂ ਦੇ ਅਰਪਨਦੀਪ ਸਿੰਘ ਵਜੋਂ ਹੋਈ ਏ। ਉਨਾਂ ਦੱਸਿਆ ਕਿ ਲਾਰੈਂਸ ਬਿਸ਼ਨੋਈ ਦੇ ਸਾਥੀਆਂ ਵੱਲੋਂ, ਮੱਧ ਪ੍ਰਦੇਸ਼ ਤੋਂ ਹਥਿਆਰਾਂ ਦੀ ਖੇਪ ਪ੍ਰਾਪਤ ਕਰਨ

ਸਬੰਧੀ ਖੁਫੀਆ ਜਾਣਕਾਰੀ ਮਿਲਣ ਉਪਰੰਤ ਕਾਰਵਾਈ ਕਰਦਿਆਂ, ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਦੀਆਂ ਪੁਲਿਸ ਟੀਮਾਂ ਨੇ ਇੱਕ ਆਪ੍ਰੇਸ਼ਨ ਚਲਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਰੇਲਵੇ ਸਟੇਸ਼ਨ ਅੰਮ੍ਰਿਤਸਰ ਨੇੜਿਓਂ ਕਾਬੂ ਕਰ ਲਿਆ । ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਦੇ AIG ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਮੁਲਜ਼ਮਾਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੇ ਹਥਿਆਰਾਂ ਦੀ ਇਹ ਖੇਪ, ਅਪਰਾਧਿਕ ਅਨਸਰਾਂ ਨੂੰ ਅੱਗੇ ਵੇਚਣ ਲਈ ਖਰੀਦੀ ਸੀ ਤਾਂ ਜੋ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇ ਸਕਣ ।